27-Nov-ASR-Pages.qxd 11/27/2025 11:45 PM Page 4

ਗੁਰਬਾਣੀ ਕੰਠ ਮੁਕਾਬਲੇ 'ਚ ਪਹਿਲਾ ਸਥਾਨ ਪ੍ਰਾਪਤ ਕਰਨ 'ਤੇ ਪੁਰਸਕਾਰ ਪ੍ਰਾਪਤ ਕਰਦੀ ਹੋਈ ਵਿਦਿਆਰਥਣ ਅਮ੍ਰਿਤਪ੍ਰੀਤ ਕੌਰ। ਅਜੀਤ ਤਸਵੀਰ

ਅਮ੍ਰਿਤਪ੍ਰੀਤ ਕੌਰ ਨੇ ਗੁਰਬਾਣੀ ਕੰਠ ਮੁਕਾਬਲੇ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ

ਅੰਮ੍ਰਿਤਸਰ, 27 ਨਵੰਬਰ (ਗਗਨਦੀਪ ਸ਼ਰਮਾ)-ਸੋਂਟ ਕਬੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਗੁਰਨਾਮ ਨਗਰ ਸੁਲਤਾਨਵਿੰਡ ਰੋਡ ਦੀ ਵਿਦਿਆਰਥਣ ਅਮ੍ਰਿਤਪ੍ਰੀਤ ਕੌਰ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿਖੇ ਹੋਏ ਗੁਰਬਾਣੀ ਕੰਠ ਮੁਕਾਬਲੇ 'ਚ ਪਹਿਲਾ ਸਥਾਨ ਪ੍ਰਾਪਤ ਕਰਕੇ ਇਕ ਵਾਰੀ ਫੇਰ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਸਕੂਲ ਦੇ ਪ੍ਰਿੰਸੀਪਲ ਸੁਖਰਾਜ ਕੌਰ ਬੋਪਾਰਾਏ ਨੇ ਅਮ੍ਰਿਤਪ੍ਰੀਤ ਕੌਰ ਨੂੰ ਵਧਾਈ ਦਿੱਤੀ ਅਤੇ ਬਾਕੀ ਬੱਚਿਆਂ ਨੂੰ ਵੀ ਉਸ ਵਾਂਗ ਧਾਰਮਿਕ ਗਤੀਵਿਧੀਆਂ 'ਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਜ਼ਿਕਰਯੋਗ ਹੈ ਕਿ ਅਮ੍ਰਿਤਪ੍ਰੀਤ ਕੌਰ ਨੇ ਹਾਲ ਹੀ 'ਚ ਸੰਤ ਬਾਬਾ ਨੱਥਾ ਸਿੰਘ ਜੀ ਮੈਮੋਰੀਅਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬੁਤਾਲਾ 'ਚ ਹੋਏ ਧਾਰਮਿਕ ਮੁਕਾਬਲੇ 'ਚ ਵੀ ਦੂਜਾ ਸਥਾਨ ਹਾਸਿਲ ਕਰਕੇ ਸਕੂਲ ਦਾ ਮਾਣ ਵਧਾਇਆ ਸੀ।

ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ.ਫ਼ੈਸਰ ਕੇ. ਐੱਸ. ਚਾਹਲ ਦਾ ਸਨਮਾਨ ਕਰਦੇ ਹੋਏ ਡਾ. ਮਨਜਿੰਦਰ ਸਿੰਘ ਅਤੇ ਹੋਰ। ਤਸਵੀਰ : ਨਿਰਮਲ ਸਟੂਡੀਓ

ਗੁਰੂ ਨਾਨਕ ਦੇਵ 'ਵਰਸਿਟੀ 'ਚ 'ਭਾਰਤੀ ਭਾਸ਼ਾ ਪਰਿਵਾਰ' ਵਿਸ਼ੇ 'ਤੇ ਦੋ ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ

ਅੰਮ੍ਰਿਤਸਰ, 27 ਨਵੰਬਰ (ਸੁਰਿੰਦਰਪਾਲ ਸਿੰਘ ਵਰਪਾਲ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸੰਸਕ੍ਰਿਤ, ਪਾਲੀ ਅਤੇ ਪ੍ਰਾਕ੍ਰਿਤ ਵਿਭਾਗ ਵਲੋਂ ਉਪ ਕੁਲਪਤੀ ਡਾ. ਕਰਮਜੀਤ ਸਿੰਘ ਦੇ ਅਗਵਾਈ ਹੇਠ ਗੁਰੂ ਨਾਨਕ ਭਵਨ ਵਿਖੇ 'ਭਾਰਤੀ ਭਾਸ਼ਾ ਪਰਿਵਾਰ (ਕਿਤਾਬ-ਵਿਚਾਰ ਚਰਚਾ)' ਵਿਸ਼ੇ 'ਤੇ ਦੋ ਰੋਜ਼ਾ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਉਦਘਾਟਨ ਸੈਸ਼ਨ 'ਚ ਪੰਜਾਬੀ ਵਿਭਾਗ ਦੇ ਮੁੱਖੀ ਪ੍ਰੋ. (ਡਾ.) ਮਨਜਿੰਦਰ ਸਿੰਘ ਨੇ ਆਏ ਮਹਿਮਾਨਾਂ ਨੂੰ ਪੌਦਾ ਭੇਟ ਕਰਕੇ ਸਵਾਗਤ ਕਰਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਹਮੇਸ਼ਾ ਗਿਆਨ ਅਤੇ ਸੰਸਕ੍ਰਿਤੀ ਦੀ ਸੰਭਾਲ ਨੂੰ ਤਰਜੀਹ ਦਿੰਦਾ ਰਿਹਾ ਹੈ। ਰਜਿਸਟਰਾਰ ਡਾ. ਕਰਮਜੀਤ ਸਿੰਘ ਚਾਹਲ ਨੇ ਕਿਹਾ ਕਿ ਅਜਿਹੇ ਸੈਮੀਨਾਰ ਭਾਸ਼ਾਵਾਂ ਨੂੰ ਜਿਉਂਦਾ ਰੱਖਣ ਦਾ ਰਾਹ ਹਨ। ਪਦਮਸ਼੍ਰੀ ਚਾਮੂ ਕ੍ਰਿਸ਼ਨ ਸ਼ਾਸਤਰੀ ਨੇ ਰਾਸ਼ਟਰੀ ਸਿੱਖਿਆ ਨੀਤੀ 2020 ਅਧੀਨ ਭਾਰਤੀ ਭਾਸ਼ਾਵਾਂ ਦੇ ਮਹੱਤਵ ਬਾਰੇ ਕਿਹਾ ਕਿ ਭਾਸ਼ਾਵਾਂ ਸਿਰਫ਼ ਸੰਪਰਕ ਦਾ ਸਾਧਨ ਨਹੀਂ, ਸਗੋਂ ਸਭਿਆਚਾਰ ਦੀ ਆਤਮਾ ਹਨ। ਇਸ ਦੌਰਾਨ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਪ੍ਰੋ. (ਡਾ.) ਸੁਧੀਰ ਕੁਮਾਰ ਆਰੀਆ, ਜਾਮੀਆ ਮਿਲੀਆ ਦੇ ਪ੍ਰੋ. (ਡਾ.) ਗਿਰੀਸ਼ ਪੰਤ, ਹਿੰਦੀ ਵਿਭਾਗ ਦੇ ਹੈੱਡ ਪ੍ਰੋ. (ਡਾ.) ਸੁਨੀਲ ਕੁਮਾਰ, ਪ੍ਰੋ. (ਡਾ.) ਮਨਮੋਹਨ ਸਿੰਘ, ਪ੍ਰੋ. (ਡਾ.) ਗੀਤੂ, ਗੁਰੂ ਵਿਰਜਾਨੰਦ ਗੁਰੂਕੁਲ, ਕਰਤਾਰਪੁਰ ਦੇ ਪ੍ਰਿੰ: ਡਾ. ਉਦਯਨ ਆਰੀਆ, ਪ੍ਰੋ. (ਡਾ.) ਮਨਜਿੰਦਰ ਸਿੰਘ ਨੇ, ਪ੍ਰੋ. ਅਵਤਾਰ ਸਿੰਘ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਪ੍ਰੋ. (ਡਾ.) ਵਿਨੋਦ ਕੁਮਾਰ, ਐੱਸ. ਐੱਲ. ਬੀ. ਸ. ਸੰਸਕ੍ਰਿਤ ਯੂਨੀਵਰਸਿਟੀ ਦੇ ਪ੍ਰੋ. (ਡਾ.) ਦੇਸ਼ਬੰਧੂ ਨੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਸੰਗੋਸ਼ਠੀ ਦੇ ਨਤੀਜਿਆਂ ਨੂੰ ਸਿੱਖਿਆ ਮੰਤਰਾਲੇ ਨੂੰ ਭੇਜਿਆ ਜਾਵੇਗਾ। ਮੰਚ ਸੰਚਾਲਨ ਡਾ. ਵਿਸ਼ਾਲ ਭਾਰਦਵਾਜ ਨੇ ਬਾਖੂਬੀ ਨਿਭਾਇਆ।

ਮਰੀਅਮ ਨਵਾਜ਼ ਨੇ ਪਬਲਿਕ ਸਕੂਲਾਂ 'ਚ ਪੰਜਾਬੀ ਬੋਲਣ ਨੂੰ ਉਤਸ਼ਾਹਿਤ ਕਰਨ ਦੇ ਦਿੱਤੇ ਨਿਰਦੇਸ਼, ਪਰ ਨਹੀਂ ਕੀਤੀ ਲਾਗੂ

ਮਰੀਅਮ ਨਵਾਜ਼ ਸ਼ਰੀਫ਼

ਅੰਮ੍ਰਿਤਸਰ, 27 ਨਵੰਬਰ (ਸੁਰਿੰਦਰ ਕੋਛੜ)-ਲਹਿੰਦੇ ਪੰਜਾਬ ਦੇ ਸਕੂਲਾਂ 'ਚ ਨਰਸਰੀ ਜਮਾਤ ਤੋਂ ਪੰਜਵੀਂ ਤਕ ਪੰਜਾਬੀ ਨੂੰ ਵਿਸ਼ੇ ਵਜੋਂ ਲਾਗੂ ਕਰਨ ਬਾਰੇ ਕੀਤੀ ਜਾ ਰਹੀ ਮੰਗ ਦੇ ਜਵਾਬ 'ਚ ਅੱਜ ਮੁੱਖ ਮੰਤਰੀ ਮਰੀਅਮ ਨਵਾਜ਼ ਸ਼ਰੀਫ਼ ਨੇ ਸੂਬੇ ਦੇ ਪਬਲਿਕ ਸਕੂਲਾਂ ਨੂੰ ਉਰਦੂ ਅਤੇ ਅੰਗਰੇਜ਼ੀ ਦੇ ਨਾਲ-ਨਾਲ ਵਿਦਿਆਰਥੀਆਂ 'ਚ ਪੰਜਾਬੀ ਬੋਲਣ ਨੂੰ ਉਤਸ਼ਾਹਿਤ ਕਰਨ ਦੇ ਨਿਰਦੇਸ਼ ਜਾਰੀ ਕਰਕੇ ਮਾਮਲੇ ਨੂੰ ਇਕ ਵਾਰ ਫਿਰ ਠੰਢੇ ਬਸਤੇ 'ਚ ਪਾ ਦਿੱਤਾ। ਮਰੀਅਮ ਨਵਾਜ਼ ਵਲੋਂ ਮੰਤਰੀਆਂ ਅਤੇ ਸਕੱਤਰਾਂ ਨਾਲ ਬੈਠਕ ਤੋਂ ਬਾਅਦ ਸਕੂਲਾਂ ਨੂੰ ਹਦਾਇਤ ਕੀਤੀ ਕਿ ਉਹ ਵਿਦਿਆਰਥੀਆਂ ਨਾਲ ਪੰਜਾਬੀ 'ਚ ਨਿਮਰਤਾ ਨਾਲ ਗੱਲਬਾਤ ਕਰਦੇ ਹੋਏ ਛੋਟੇ-ਛੋਟੇ ਵੀਡੀਓ ਰਿਕਾਰਡ ਕਰਨ ਅਤੇ ਸਾਰੇ ਵੀਡੀਓਜ਼ ਨਿਰਧਾਰਿਤ ਸਮੇਂ ਦੇ ਅੰਦਰ ਸੀ. ਈ. ਓ. ਦਫ਼ਤਰ ਨੂੰ ਜਮ੍ਹਾ ਕਰਵਾਈਆਂ ਜਾਣ।

ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਬਿਜਲੀ ਸੋਧ ਬਿੱਲ 2025 ਦੇ ਵਿਰੋਧ 'ਚ ਭਰਵੀਂ ਰੋਸ ਰੈਲੀ

ਮਜੀਠਾ, 27 ਨਵੰਬਰ (ਜਗਤਾਰ ਸਿੰਘ ਸਹਿਮੀ)-ਟੈਕਨੀਕਲ ਸਰਵਿਸਜ਼ ਯੂਨੀਅਨ ਰਜਿ: ਅਤੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸਾਂਝੇ ਸੱਦੇ 'ਤੇ ਅੱਜ ਡਵੀਜ਼ਨ ਪ੍ਰਧਾਨ ਰਘਬੀਰ ਸਿੰਘ ਮਜੀਠਾ ਅਤੇ ਮਹਿੰਦਰ ਸਿੰਘ ਖਹਿਰਾ ਦੀ ਸਾਂਝੀ ਅਗਵਾਈ ਵਿਚ ਬਿਜਲੀ

ਖਰੜੇ ਦੀਆਂ ਕਾਪੀਆਂ ਸਾੜੀਆਂ

ਘਰ ਮਜੀਠਾ ਵਿਖੇ ਬਿਜਲੀ ਸੋਧ ਬਿੱਲ 2025 ਦੇ ਵਿਰੋਧ ਵਿਚ ਡਵੀਜ਼ਨ ਪੱਧਰੀ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਗਿਆ। ਮੁਲਾਜ਼ਮਾਂ ਅਤੇ ਰਿਟਾਇਰੀ ਕਾਮਿਆਂ ਦੀ ਵੱਡੀ ਗਿਣਤੀ ਨੇ ਰੋਸ ਰੈਲੀ ਵਿਚ ਸ਼ਮੂਲੀਅਤ ਕਰਦੇ ਹੋਏ ਬਿੱਲ ਦੇ ਖਰੜੇ ਦੀਆਂ ਕਾਪੀਆਂ ਸਾੜ ਕੇ ਆਪਣਾ ਗੁੱਸਾ ਪ੍ਰਗਟਾਇਆ। ਇਕੱਠ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਦੱਸਿਆ ਕਿ ਕੇਂਦਰ ਅਤੇ ਰਾਜ ਸਰਕਾਰਾਂ ਵਲੋਂ ਸਾਮਰਾਜੀ ਨੀਤੀਆਂ ਦੀ ਪਾਲਣਾ ਕਰਦੇ ਹੋਏ ਨਿੱਜੀਕਰਨ ਨੂੰ ਵਧਾਵਾ ਦਿੱਤਾ ਜਾ ਰਿਹਾ ਹੈ। ਇਸੇ ਤਹਿਤ ਹੀ ਬਿਜਲੀ ਸੋਧ ਬਿੱਲ 2025 ਦਾ ਖਰੜਾ ਲਿਆਂਦਾ ਗਿਆ ਹੈ, ਜੋ ਬਿਜਲੀ ਮੁਲਾਜ਼ਮਾਂ ਲਈ ਤਬਾਹੀਕਾਰੀ ਸਾਬਤ ਹੋਵੇਗਾ। ਇਸ ਬਿੱਲ ਨਾਲ ਰੁਜ਼ਗਾਰ ਦਾ ਵੱਡਾ ਉਜਾੜਾ ਹੋਵੇਗਾ, ਆਊਟਸੋਰਸ ਅਤੇ ਠੇਕਾ ਮੁਲਾਜ਼ਮਾਂ ਨੂੰ ਨੌਕਰੀਆਂ ਤੋਂ ਵਾਂਝਾ ਕੀਤਾ ਜਾ ਸਕਦਾ ਹੈ ਅਤੇ ਰਿਟਾਇਰਡ ਕਾਮਿਆਂ ਨੂੰ ਮਿਲ ਰਹੀਆਂ ਪੈਨਸ਼ਨਾਂ ਦੀ ਗਰੰਟੀ ਵੀ ਖ਼ਤਰੇ ਵਿਚ ਪੈ ਜਾਵੇਗੀ। ਬੁਲਾਰਿਆਂ ਕਿਹਾ ਕਿ ਨਿੱਜੀਕਰਨ ਨੀਤੀ ਤਹਿਤ ਕਿਸਾਨਾਂ, ਮਜ਼ਦੂਰਾਂ ਅਤੇ ਛੋਟੇ ਕਾਰੋਬਾਰੀਆਂ ਨੂੰ ਮਿਲਦੀਆਂ ਸਬਸਿਡੀਆਂ ਵੀ ਕੱਟਣ ਦੀ ਤਿਆਰੀ ਕੀਤੀ ਜਾ ਰਹੀ ਹੈ। ਯੂਨੀਅਨਾਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਤੁਰੰਤ ਇਸ ਬਿੱਲ ਦੇ ਖਰੜੇ ਨੂੰ ਰੱਦ ਕਰੇ ਅਤੇ ਪਾਵਰਕੌਮ ਤੇ ਟਰਾਂਸਕੋ ਵਿਚ ਨਿੱਜੀਕਰਨ ਦੇ ਕਦਮ ਵਾਪਸ ਲਏ। ਇਸ ਤੋਂ ਇਲਾਵਾ ਪਾਵਰਕੌਮ ਅਤੇ ਹੋਰ ਸਰਕਾਰੀ ਅਦਾਰਿਆਂ ਦੀਆਂ ਜ਼ਮੀਨਾਂ ਵੇਚਣ ਦੀ ਯੋਜਨਾ ਨੂੰ ਵੀ ਤੁਰੰਤ ਰੱਦ ਕਰਨ ਲਈ ਕਿਹਾ ਗਿਆ। ਬੁਲਾਰਿਆਂ ਨੇ ਕੇਂਦਰ ਸਰਕਾਰ ਵਲੋਂ ਲਾਗੂ ਕੀਤੇ ਲੇਬਰ ਕੋਡਾਂ ਨੂੰ ਰੱਦ ਕਰਕੇ ਪਹਿਲਾਂ ਵਾਲੇ ਕਿਰਤ ਕਾਨੂੰਨ ਮੁੜ ਬਹਾਲ ਕਰਨ ਅਤੇ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਮੰਗ ਵੀ ਕੀਤੀ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇ ਸਰਕਾਰਾਂ ਵਲੋਂ ਇਹ ਮੰਗਾਂ ਨਾ ਮੰਨੀਆਂ ਗਈਆਂ ਤਾਂ ਬਿਜਲੀ ਕਾਮਿਆਂ ਦੀਆਂ ਜਥੇਬੰਦੀਆਂ ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਸੰਘਰਸ਼ੀ ਤਾਕਤਾਂ ਨਾਲ ਮਿਲ ਕੇ ਵੱਡਾ ਸੰਘਰਸ਼ ਖੜ੍ਹਾ ਕਰਨਗੀਆਂ। ਰੈਲੀ ਨੂੰ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ, ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ, ਸੁਖਪਾਲ ਸਿੰਘ ਮਜੀਠਾ, ਗੁਰਪ੍ਰੀਤ ਸਿੰਘ ਸੋਹੀਆਂ, ਲਖਵਿੰਦਰ ਸਿੰਘ ਭੋਮਾ, ਜਰਨੈਲ ਸਿੰਘ ਅਤੇ ਪੈਨਸ਼ਨਰ ਐਸੋਸੀਏਸ਼ਨ ਵਲੋਂ ਰਾਮ ਲੁਭਾਇਆ ਮਜੀਠਾ, ਮਹਿੰਦਰ ਸਿੰਘ ਖਹਿਰਾ ਸਮੇਤ ਹੋਰ ਆਗੂਆਂ ਨੇ ਸੰਬੋਧਨ ਕੀਤਾ।

ਟੈਕਨੀਕਲ ਸਰਵਿਸਜ਼ ਯੂਨੀਅਨ ਅਤੇ ਪੈਨਸ਼ਨਰਜ਼ ਐਸੋਸੀਏਸ਼ਨ ਵਲੋਂ ਸਾਂਝੇ ਤੌਰ 'ਤੇ ਬਿਜਲੀ ਦਫ਼ਤਰ ਕੰਪਲੈਕਸ ਮਜੀਠਾ ਵਿਖੇ ਬਿੱਲ ਦੇ ਖਰੜੇ ਦੀਆਂ ਕਾਪੀਆਂ ਸਾੜ ਕੇ ਆਪਣਾ ਗੁੱਸਾ ਪ੍ਰਗਟ ਕਰਦੇ ਹੋਏ ਡਵੀਜ਼ਨ ਪ੍ਰਧਾਨ ਰਘਬੀਰ ਸਿੰਘ ਮਜੀਠਾ, ਮਹਿੰਦਰ ਸਿੰਘ ਖੈਹਰਾ ਅਤੇ ਹੋਰ। ਤਸਵੀਰ : ਜਗਤਾਰ ਸਿੰਘ ਸਹਿਮੀ

ਧਾਰਮਿਕ ਮਹੱਤਤਾ ਵਾਲੇ ਸ਼ਹਿਰਾਂ ਨੂੰ 'ਪਵਿੱਤਰ ਸ਼ਹਿਰ' ਦਾ ਦਰਜਾ ਦੇਣਾ ਸ਼ਲਾਘਾਯੋਗ- ਬਰਾੜ

ਅੰਮ੍ਰਿਤਸਰ, 27 ਨਵੰਬਰ (ਗਗਨਦੀਪ ਸ਼ਰਮਾ)-ਆਮ ਆਦਮੀ ਪਾਰਟੀ ਅੰਮ੍ਰਿਤਸਰ ਸ਼ਹਿਰੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਪਨਬਸ (ਪੰਜਾਬ) ਦੇ ਚੇਅਰਮੈਨ ਪ੍ਰਭਬੀਰ ਸਿੰਘ ਬਰਾੜ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਵਿਧਾਨ ਸਭਾ ਵਲੋਂ ਧਾਰਮਿਕ ਮਹੱਤਤਾ ਵਾਲੇ ਸ਼ਹਿਰਾਂ-ਸ਼੍ਰੀ ਅੰਮ੍ਰਿਤਸਰ ਸਾਹਿਬ (ਸ਼ਹਿਰ ਦੇ ਅੰਦਰੂਨੀ ਹਿੱਸੇ), ਤਲਵੰਡੀ ਸਾਬੋ ਅਤੇ ਸ਼੍ਰੀ ਆਨੰਦਪੁਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਇਕ ਇਤਿਹਾਸਕ ਫ਼ੈਸਲਾ ਹੈ। ਉਨ੍ਹਾਂ ਆਪਣੀ ਸਮੁੱਚੀ ਟੀਮ ਵਲੋਂ ਇਸ ਫ਼ੈਸਲੇ ਦਾ ਤਹਿ-ਦਿਲੋਂ ਸਵਾਗਤ ਕਰਦਿਆਂ ਕਿਹਾ ਕਿ ਅਰਵਿੰਦ ਕੇਜਰੀਵਾਲ, ਭਗਵੰਤ ਮਾਨ ਅਤੇ ਮਨੀਸ਼ ਸਿਸੋਦੀਆ ਦੀ ਦੂਰਦਰਸ਼ੀ ਸੋਚ ਅਤੇ ਅਟੱਲ ਮਿਹਨਤ ਦੇ ਕਾਰਨ ਹੀ ਇਹ ਇਤਿਹਾਸਕ ਫ਼ੈਸਲਾ ਹਕੀਕਤ ਬਣਿਆ ਹੈ।

ਅਜੀਤ ਵਿਦਿਆਲਯ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਪ੍ਰਿੰ: ਰਮਾ ਮਹਾਜਨ ਤੇ ਹੋਰ। ਤਸਵੀਰ : ਨਿਰਮਲ ਸਟੂਡੀਓ

ਅਜੀਤ ਵਿਦਿਆਲਯ ਸਕੂਲ ਵਿਖੇ 'ਸੇਵ ਨੇਚਰ, ਸੇਵ ਯੂਨੀਵਰਸ' ਅਭਿਆਨ ਚਲਾਇਆ

ਅੰਮ੍ਰਿਤਸਰ, 27 ਨਵੰਬਰ (ਸੁਰਿੰਦਰਪਾਲ ਸਿੰਘ ਵਰਪਾਲ)-ਅਜੀਤ ਵਿਦਿਆਲਯ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰ: ਰਮਾ ਮਹਾਜਨ ਦੀ ਅਗਵਾਈ ਹੇਠ 'ਸੇਵ ਨੇਚਰ, ਸੇਵ ਯੂਨੀਵਰਸ' ਅਭਿਆਨ ਚਲਾਇਆ ਗਿਆ। ਇਸ ਮੌਕੇ ਪ੍ਰਿੰ: ਰਮਾ ਮਹਾਜਨ ਨੇ ਕਿਹਾ ਕਿ ਐੱਨ. ਜੀ. ਓ. ਵਲੋਂ ਵਾਤਾਵਰਨ ਨੂੰ ਬਚਾਉਣ ਲਈ ਸਮਾਜ 'ਚ ਸਫ਼ਾਈ ਅਭਿਆਨ ਚਲਾ ਕੇ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਆਪਣੇ ਨਾਲ ਜੋੜਣ ਦਾ ਕੀਤਾ ਜਾ ਰਿਹਾ ਸਭ ਤੋਂ ਵੱਡਾ ਕਾਰਜ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਹਰੇਕ ਇਨਸਾਨ ਨੂੰ ਵਾਤਾਵਰਣ ਬਚਾਉਣ ਲਈ ਆਪਣੀ ਜ਼ਿੰਮੇਵਾਰੀ ਬਾਖੂਬੀ ਸਮਝਣੀ ਚਾਹੀਦੀ ਹੈ, ਜਿਸ ਦੀ ਸ਼ੁਰੂਆਤ ਆਪਣੇ ਆਪ ਤੋਂ ਕਰਨੀ ਪਵੇਗੀ। ਉਨ੍ਹਾਂ ਕਿਹਾ ਕਿ ਸਾਫ ਸੁਥਰਾ ਵਾਤਾਵਰਣ ਹੀ ਨਿਰੋਏ ਸਮਾਜ ਦੀ ਸਿਰਜਣਾ ਕਰ ਸਕਦਾ ਹੈ।

ਗ੍ਰਿਫ਼ਤਾਰ ਕੀਤੀਆਂ ਔਰਤਾਂ ਬਾਰੇ ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਲਖਵਿੰਦਰ ਕੌਰ, ਉਨ੍ਹਾਂ ਦੇ ਪਿੱਛੇ ਪੁਲਿਸ ਪਾਰਟੀ ਦੇ ਨਾਲ ਮੌਜੂਦ ਦੋਵੇਂ ਔਰਤਾਂ। ਤਸਵੀਰ : ਨਿਰਮਲ ਸਟੂਡੀਓ

ਰਾਹਗੀਰਾਂ ਦੇ ਗਹਿਣੇ ਚੋਰੀ ਕਰਨ ਵਾਲੇ ਗਰੋਹ ਦਾ ਪਰਦਾਫਾਸ਼

ਅੰਮ੍ਰਿਤਸਰ, 27 ਨਵੰਬਰ (ਗਗਨਦੀਪ ਸ਼ਰਮਾ)-ਬੱਸ ਸਟੈਂਡ ਪੁਲਿਸ ਚੌਕੀ ਵਲੋਂ ਰਾਹਗੀਰਾਂ ਦੇ ਗਹਿਣੇ ਚੋਰੀ ਕਰਨ ਵਾਲੇ ਗਰੋਹ ਦਾ ਪਰਦਾਫਾਸ਼ ਕਰਦਿਆਂ 2 ਔਰਤਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ ਚੋਰੀਸ਼ੁਦਾ ਸੋਨੇ ਦੀ ਚੂੜੀ ਬਰਾਮਦ ਕੀਤੀ ਕੀਤੀ ਹੈ। ਚੌਕੀ ਇੰਚਾਰਜ ਏ. ਐੱਸ. ਆਈ. ਲਖਵਿੰਦਰ ਕੁਮਾਰ ਨੇ ਦੱਸਿਆ ਕਿ ਸਤਪਾਲ ਕੌਰ ਵਾਸੀ ਭਰੋਵਾਲੀ, ਬੰਗਾ (ਨਵਾਂ ਸ਼ਹਿਰ) ਨੇ ਸੋਨੇ ਦੀ ਚੂੜੀ ਚੋਰੀ ਹੋਣ ਦੀ ਸ਼ਿਕਾਇਤ ਦਿੱਤੀ ਸੀ। ਪੁਲਿਸ ਵਲੋਂ ਇਸ ਸੰਬੰਧੀ ਕਾਰਵਾਈ ਕਰਦਿਆਂ ਸ਼ਿੰਦਰ ਕੌਰ ਉਰਫ਼ ਗੁਰਮੀਤ ਕੌਰ ਉਰਫ਼ ਭੋਲੀ ਵਾਸੀ ਪਿੰਡ ਬੰਗਾਰੀਆ (ਸੰਗਰੂਰ), ਮਲੇਰਕੋਟਲਾ ਅਤੇ ਗੁਰਮੀਤੋ ਉਰਫ਼ ਭੋਲੀ ਵਾਸੀ ਲੰਗਰੋਈ ਥਾਣਾ ਸਦਰ (ਪਟਿਆਲਾ) ਨੂੰ ਗ੍ਰਿਫ਼ਤਾਰ ਕਰਕੇ ਇਸ ਮਾਮਲੇ ਦੀ ਗੁੱਥੀ ਸੁਲਝਾ ਲਈ ਗਈ ਹੈ।

2 ਔਰਤਾਂ ਚੋਰੀਸ਼ੁਦਾ ਸੋਨੇ ਦੀ ਚੂੜੀ ਸਮੇਤ ਗ੍ਰਿਫ਼ਤਾਰ

ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਸ਼ੈਂਟੀ

ਕਿਹਾ, ਮਨੁੱਖੀ ਅਧਿਕਾਰਾਂ ਦੇ ਨਾਂਅ 'ਤੇ ਗ਼ਲਤ ਧੰਦੇ ਚਲਾਉਣ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ

ਅੰਮ੍ਰਿਤਸਰ, 27 ਨਵੰਬਰ (ਜਸਵੰਤ ਸਿੰਘ ਜੱਸ)-ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਅਤੇ ਸਮਾਜ ਸੇਵੀ ਪਦਮਸ਼੍ਰੀ ਜਤਿੰਦਰ ਸਿੰਘ ਸ਼ੈਂਟੀ ਅੱਜ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨੇ ਗੁਰੂ ਦਰ 'ਤੇ ਮੱਥਾ ਟੇਕ ਕੇ ਸਰਬਤ ਦੇ ਭਲੇ ਅਤੇ ਪੰਜਾਬ ਵਿਚ ਸ਼ਾਂਤੀ-ਅਮਨ ਦੀ ਅਰਦਾਸ ਕੀਤੀ। ਬਾਅਦ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ: ਸ਼ੈਂਟੀ ਨੇ ਕਿਹਾ ਕਿ ਪੰਜਾਬ ਵਿਚ ਹਿਊਮਨ ਰਾਈਟਸ ਦੇ ਨਾਮ 'ਤੇ